ਰਾਮਕਲੀ ਮਹਲਾ ੫ ॥ ਸੇਵਕੁ ਲਾਇਓ ਅਪੁਨੀ ਸੇਵ ॥ ਅੰਮ੍ਰਿਤੁ ਨਾਮੁ ਦੀਓ ਮੁਖਿ ਦੇਵ ॥ ਸਗਲੀ ਚਿੰਤਾ ਆਪਿ ਨਿਵਾਰੀ ॥ ਤਿਸੁ ਗੁਰ ਕਉ ਹਉ ਸਦ ਬਲਿਹਾਰੀ ॥੧॥ ਕਾਜ ਹਮਾਰੇ ਪੂਰੇ ਸਤਗੁਰ ॥ ਬਾਜੇ ਅਨਹਦ ਤੂਰੇ ਸਤਗੁਰ ॥੧॥ ਰਹਾਉ ॥ ਮਹਿਮਾ ਜਾ ਕੀ ਗਹਿਰ ਗੰਭੀਰ ॥ ਹੋਇ ਨਿਹਾਲੁ ਦੇਇ ਜਿਸੁ ਧੀਰ ॥ ਜਾ ਕੇ ਬੰਧਨ ਕਾਟੇ ਰਾਇ ॥ ਸੋ ਨਰੁ ਬਹੁਰਿ ਨ ਜੋਨੀ ਪਾਇ ॥ ੨॥ ਜਾ ਕੈ ਅੰਤਰਿ ਪ੍ਰਗਟਿਓ ਆਪ ॥ ਤਾ ਕਉ ਨਾਹੀ ਦੂਖ ਸੰਤਾਪ ॥ ਲਾਲੁ ਰਤਨੁ ਤਿਸੁ ਪਾਲੈ ਪਰਿਆ ॥ ਸਗਲ ਕੁਟੰਬ ਓਹੁ ਜਨੁ ਲੈ ਤਰਿਆ ॥੩॥ ਨਾ ਕਿਛੁ ਭਰਮੁ ਨ ਦੁਬਿਧਾ ਦੂਜਾ ॥ ਏਕੋ ਏਕੁ ਨਿਰੰਜਨ ਪੂਜਾ ॥ ਜਤ ਕਤ ਦੇਖਉ ਆਪਿ ਦਇਆਲ ॥ ਕਹੁ ਨਾਨਕ ਪ੍ਰਭ ਮਿਲੇ ਰਸਾਲ ॥੪॥੪॥੧੫॥ {ਪੰਨਾ 887}

ਪਦਅਰਥ:- ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ਮੁਖਿ—ਮੂੰਹ ਵਿਚ। ਦੇਵ—ਚਾਨਣ-ਸਰੂਪ ਪ੍ਰਭੂ ਦਾ। ਨਿਵਾਰੀ—ਦੂਰ ਕੀਤੀ ਹੈ। ਕਉ—ਨੂੰ, ਤੋਂ। ਹਉ—ਹਉਂ, ਮੈਂ। ਸਦ—ਸਦਾ। ਬਲਿਹਾਰੀ—ਕੁਰਬਾਨ।1।

ਸਤਿਗੁਰ—ਹੇ ਗੁਰੂ! ਬਾਜੇ—ਵੱਜ ਰਹੇ ਹਨ। ਅਨਹਦ—ਇੱਕ-ਰਸ, ਲਗਾਤਾਰ। ਤੂਰੇ—ਵਾਜੇ।1। ਰਹਾਉ।

ਮਹਿਮਾ—ਵਡਿਆਈ। ਗਹਿਰ—ਗਹਿਰੀ, ਡੂੰਘੀ। ਗੰਭੀਰ—ਡੂੰਘੀ। ਹੋਇ ਨਿਹਾਲੁ—ਪੂਰਨ ਤੌਰ ਤੇ ਪ੍ਰਸੰਨ ਹੋ ਜਾਂਦਾ ਹੈ। ਦੇਇ—ਦੇਂਦਾ ਹੈ। ਧੀਰ—ਧੀਰਜ। ਰਾਇ—ਪ੍ਰਭੂ-ਪਾਤਿਸ਼ਾਹ ਨੇ। ਬਹੁਰਿ—ਮੁੜ, ਫਿਰ। ਨ ਪਾਇ—ਨਹੀਂ ਪੈਂਦਾ।2।

ਜਾ ਕੈ ਅੰਤਰਿ—ਜਿਸ ਦੇ ਅੰਦਰ। ਤਾ ਕਉ—ਉਸ (ਮਨੁੱਖ) ਨੂੰ। ਸੰਤਾਪ—ਕਲੇਸ਼। ਤਿਸੁ ਪਾਲੈ—ਉਸ ਦੇ ਪੱਲੇ ਵਿਚ। ਤਿਸੁ ਪਾਲੈ ਪਰਿਆ—ਉਸ ਨੂੰ ਮਿਲ ਜਾਂਦਾ ਹੈ।3।

ਭਰਮੁ—ਭਟਕਣਾ। ਦੁਬਿਧਾ—ਦੁਚਿੱਤਾ-ਪਨ। ਦੂਜਾ—ਮੇਰ-ਤੇਰ। ਨਿਰੰਜਨ—{ਨਿਰ-ਅੰਜਨ। ਅੰਜਨ—ਮਾਇਆ ਦੇ ਮੋਹ ਦੀ ਕਾਲਖ} ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲਾ। ਜਤ ਕਤ—ਜਿਧਰ ਕਿਧਰ, ਹਰ ਪਾਸੇ। ਦੇਖਉ—ਦੇਖਉਂ, ਮੈਂ ਵੇਖਦਾ ਹਾਂ। ਰਸਾਲ—{ਰਸ-ਆਲਯ} ਆਨੰਦ ਦਾ ਸੋਮਾ।4।

ਅਰਥ:- ਹੇ ਸਤਿਗੁਰੂ! ਤੂੰ ਮੇਰੇ ਸਾਰੇ ਕੰਮ ਸਿਰੇ ਚਾੜ੍ਹ ਦਿੱਤੇ ਹਨ (ਤੇਰੀ ਮੇਹਰ ਨਾਲ ਮੈਂ ਬੇ-ਗ਼ਰਜ਼ ਹੋ ਗਿਆ ਹਾਂ)। ਹੇ ਸਤਿਗੁਰੂ! (ਹੁਣ ਇਉਂ ਪ੍ਰਤੀਤ ਹੋ ਰਿਹਾ ਹੈ, ਜਿਵੇਂ ਮੇਰੇ ਅੰਦਰ) ਇੱਕ-ਰਸ (ਖ਼ੁਸ਼ੀ ਦੇ) ਵਾਜੇ ਵੱਜ ਰਹੇ ਹਨ।1। ਰਹਾਉ।

ਹੇ ਭਾਈ! ਮੈਂ ਉਸ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ, ਜਿਸ ਨੇ (ਮੇਰੇ ਅੰਦਰੋਂ) ਸਾਰੀ ਚਿੰਤਾ ਆਪ (ਮੇਹਰ ਕਰ ਕੇ) ਦੂਰ ਕਰ ਦਿੱਤੀ ਹੈ, ਜਿਸ ਨੇ ਚਾਨਣ-ਰੂਪ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ (ਜਪਣ ਵਾਸਤੇ ਮੇਰੇ) ਮੂੰਹ ਵਿਚ ਦਿੱਤਾ ਹੈ, ਜਿਸ ਨੇ (ਮੈਨੂੰ ਆਪਣਾ) ਸੇਵਕ (ਬਣਾ ਕੇ) ਆਪਣੀ (ਇਸ) ਸੇਵਾ ਵਿਚ ਲਾਇਆ ਹੈ।1।

ਹੇ ਭਾਈ! ਜਿਸ ਪਰਮਾਤਮਾ ਦੀ ਵਡਿਆਈ ਬੇਅੰਤ ਅਥਾਹ ਹੈ, ਉਹ ਜਿਸ (ਮਨੁੱਖ) ਨੂੰ ਧੀਰਜ ਬਖ਼ਸ਼ਦਾ ਹੈ, ਉਹ ਮਨੁੱਖ ਲੂੰ-ਲੂੰ ਖ਼ੁਸ਼ ਹੋ ਜਾਂਦਾ ਹੈ। ਉਹ ਪ੍ਰਭੂ-ਪਾਤਿਸ਼ਾਹ ਜਿਸ ਮਨੁੱਖ ਦੇ (ਮਾਇਆ ਦੇ) ਬੰਧਨ ਕੱਟ ਦੇਂਦਾ ਹੈ, ਉਹ ਮਨੁੱਖ ਮੁੜ ਜਨਮਾਂ ਦੇ ਗੇੜ ਵਿਚ ਨਹੀਂ ਪੈਂਦਾ।2।

ਹੇ ਭਾਈ! ਪਰਮਾਤਮਾ ਆਪ ਜਿਸ ਮਨੁੱਖ ਦੇ ਹਿਰਦੇ ਵਿਚ ਆਪਣਾ ਪ੍ਰਕਾਸ਼ ਕਰਦਾ ਹੈ, ਉਸ ਨੂੰ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦਾ। ਉਸ ਮਨੁੱਖ ਨੂੰ ਪ੍ਰਭੂ ਦਾ ਨਾਮ-ਲਾਲ ਲੱਭ ਪੈਂਦਾ ਹੈ, ਨਾਮ-ਰਤਨ ਮਿਲ ਜਾਂਦਾ ਹੈ। ਉਹ ਮਨੁੱਖ ਆਪਣੇ ਸਾਰੇ ਪਰਵਾਰ ਨੂੰ (ਭੀ ਆਪਣੇ ਨਾਲ) ਲੈ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।3।

ਹੇ ਭਾਈ! ਜੇਹੜਾ ਮਨੁੱਖ ਸਿਰਫ਼ ਇੱਕ ਮਾਇਆ ਤੋਂ ਨਿਰਲੇਪ ਪ੍ਰਭੂ ਦੀ ਬੰਦਗੀ ਕਰਦਾ ਹੈ, ਉਸ ਨੂੰ ਕੋਈ ਭਟਕਣਾ ਨਹੀਂ ਰਹਿੰਦੀ, ਉਸ ਦੇ ਅੰਦਰ ਦੁਚਿੱਤਾ-ਪਨ ਨਹੀਂ ਰਹਿ ਜਾਂਦਾ, ਉਸ ਦੇ ਹਿਰਦੇ ਵਿਚ ਮੇਰ-ਤੇਰ ਨਹੀਂ ਹੁੰਦੀ। ਹੇ

ਨਾਨਕ! ਆਖ—(ਗੁਰੂ ਦੀ ਕਿਰਪਾ ਨਾਲ ਮੈਨੂੰ) ਆਨੰਦ ਦਾ ਸੋਮਾ ਪ੍ਰਭੂ ਜੀ ਮਿਲ ਪਏ ਹਨ, ਹੁਣ ਮੈਂ ਜਿਧਰ ਕਿਧਰ ਵੇਖਦਾ ਹਾਂ, ਮੈਨੂੰ ਉਹ ਦਇਆ ਦਾ ਘਰ ਪ੍ਰਭੂ ਹੀ ਦਿੱਸ ਰਿਹਾ ਹੈ।4। 4।15।